ਸੋਰਠਿ ਮਹਲਾ ੫ ॥ ਜਨਮ ਜਨਮ ਕੇ ਦੂਖ ਨਿਵਾਰੈ ਸੂਕਾ ਮਨੁ ਸਾਧਾਰੈ ॥ ਦਰਸਨੁ ਭੇਟਤ ਹੋਤ ਨਿਹਾਲਾ ਹਰਿ ਕਾ ਨਾਮੁ ਬੀਚਾਰੈ ॥੧॥ ਮੇਰਾ ਬੈਦੁ ਗੁਰੂ ਗੋਵਿੰਦਾ ॥ ਹਰਿ ਹਰਿ ਨਾਮੁ ਅਉਖਧੁ ਮੁਖਿ ਦੇਵੈ ਕਾਟੈ ਜਮ ਕੀ ਫੰਧਾ ॥੧॥ ਰਹਾਉ ॥ ਸਮਰਥ ਪੁਰਖ ਪੂਰਨ ਬਿਧਾਤੇ ਆਪੇ ਕਰਣੈਹਾਰਾ ॥ ਅਪੁਨਾ ਦਾਸੁ ਹਰਿ ਆਪਿ ਉਬਾਰਿਆ ਨਾਨਕ ਨਾਮ ਅਧਾਰਾ ॥੨॥੬॥੩੪॥ {ਪੰਨਾ 618}

ਪਦਅਰਥ:- ਨਿਵਾਰੈ—ਦੂਰ ਕਰ ਦੇਂਦਾ ਹੈ। ਸੂਕਾ—ਸੁੱਕਾ ਹੋਇਆ, ਪਰਮਾਤਮਾ ਦੇ ਪ੍ਰੇਮ ਦੀ ਹਰਿਆਵਲ ਤੋਂ ਸੱਖਣਾ। ਸਾਧਾਰੈ—ਸਹਾਰਾ ਦੇਂਦਾ ਹੈ। ਭੇਟਤ—ਮਿਲਦਿਆਂ, ਪ੍ਰਾਪਤ ਹੁੰਦਿਆਂ। ਨਿਹਾਲਾ—ਪ੍ਰਸੰਨ-ਚਿੱਤ। ਬੀਚਾਰੈ—ਵਿਚਾਰਦਾ, ਸੋਚ-ਮੰਡਲ ਵਿਚ ਵਸਾ ਲੈਂਦਾ ਹੈ।1।

ਬੈਦੁ—ਹਕੀਮ। ਅਉਖਧੁ—ਦਵਾਈ। ਮੁਖਿ—ਮੂੰਹ ਵਿਚ। ਫੰਧਾ—ਫਾਹੀ।1। ਰਹਾਉ।

ਸਮਰਥ—ਹੇ ਸਭ ਤਾਕਤਾਂ ਦੇ ਮਾਲਕ! ਪੁਰਖ—ਹੇ ਸਰਬ-ਵਿਆਪਕ! ਪੂਰਨ—ਹੇ ਭਰਪੂਰ! ਬਿਧਾਤੇ—ਹੇ ਸਿਰਜਣਹਾਰ! ਆਪੇ—(ਤੂੰ) ਆਪ ਹੀ। ਕਰਣੈਹਾਰਾ—(ਗੁਰੂ ਨੂੰ) ਬਣਾਨ ਵਾਲਾ। ਉਬਾਰਿਆ—(ਜਮ ਦੀ ਫਾਹੀ ਤੋਂ) ਬਚਾ ਲਿਆ। ਅਧਾਰਾ—ਆਸਰਾ।2।

ਅਰਥ:- ਹੇ ਭਾਈ! ਗੋਬਿੰਦ ਦਾ ਰੂਪ ਮੇਰਾ ਗੁਰੂ (ਪੂਰਾ) ਹਕੀਮ ਹੈ। (ਇਹ ਹਕੀਮ ਜਿਸ ਮਨੁੱਖ ਦੇ) ਮੂੰਹ ਵਿਚ ਹਰਿ-ਨਾਮ ਦਵਾਈ ਪਾਂਦਾ ਹੈ, (ਉਸ ਦੀ) ਜਮ ਦੀ ਫਾਹੀ ਕੱਟ ਦੇਂਦਾ ਹੈ (ਆਤਮਕ ਮੌਤ ਲਿਆਉਣ ਵਾਲੇ ਵਿਕਾਰਾਂ ਦੀ ਫਾਹੀ ਉਸ ਦੇ ਅੰਦਰੋਂ ਕੱਟ ਦੇਂਦਾ ਹੈ)।1। ਰਹਾਉ।

ਹੇ ਭਾਈ! ਵੈਦ-ਗੁਰੂ (ਸਰਣ-ਪਏ ਮਨੁੱਖ ਦੇ) ਅਨੇਕਾਂ ਜਨਮਾਂ ਦੇ ਦੁੱਖ ਦੂਰ ਕਰ ਦੇਂਦਾ ਹੈ, ਆਤਮਕ ਜੀਵਨ ਦੀ ਹਰਿਆਵਲ ਤੋਂ ਸੱਖਣੇ ਉਸ ਦੇ ਮਨ ਨੂੰ (ਨਾਮ-ਦਾਰੂ ਦਾ ਸਹਾਰਾ ਦੇਂਦਾ ਹੈ। ਗੁਰੂ ਦਾ ਦਰਸਨ ਕਰਦਿਆਂ ਹੀ (ਮਨੁੱਖ) ਖਿੜ ਆਉਂਦਾ ਹੈ, ਤੇ, ਪਰਮਾਤਮਾ ਦੇ ਨਾਮ ਨੂੰ ਆਪਣੇ ਸੋਚ-ਮੰਡਲ ਵਿਚ ਵਸਾ ਲੈਂਦਾ ਹੈ।1।

ਹੇ ਨਾਨਕ! (ਆਖ—) ਹੇ ਸਭ ਤਾਕਤਾਂ ਦੇ ਮਾਲਕ! ਹੇ ਸਰਬ-ਵਿਆਪਕ! ਹੇ ਭਰਪੂਰ! ਹੇ ਸਭ ਜੀਵਾਂ ਦੇ ਪੈਦਾ ਕਰਨ ਵਾਲੇ! ਤੂੰ ਆਪ ਹੀ (ਗੁਰੂ ਨੂੰ ਪੂਰਾ ਵੈਦ) ਬਣਾਣ ਵਾਲਾ ਹੈਂ। ਆਪਣੇ ਸੇਵਕ ਨੂੰ (ਵੈਦ-ਗੁਰੂ ਪਾਸੋਂ) ਨਾਮ ਦਾ ਆਸਰਾ ਦਿਵਾ ਕੇ ਤੂੰ ਆਪ ਹੀ (ਜਮ ਦੀ ਫਾਹੀ ਤੋਂ) ਬਚਾ ਲੈਂਦਾ ਹੈਂ।2।6। 34।